PSPCL
Powering Punjab. Enriching Lives.

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ

ਰਜਿ. ਦਫ਼ਤਰ ਪੀ. ਐਸ. ਈ. ਬੀ. ਮੁੱਖ ਦਫ਼ਤਰ, ਦੀ ਮਾਲ, ਪਟਿਆਲਾ-147001
corporate id no. U40109PB2010SGC033813, website: www.pspcl.in

ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਕੰਟਰੋਲ ਰੂਮ ਦੀ ਸਥਾਪਨਾ

ਬਿਜਲੀ ਦੀਆਂ ਢਿੱਲੀਆਂ/ਨੀਵੀਆਂ ਤਾਰਾਂ ਅਤੇ ਜੀ. ਓ.ਸਵਿੱਚਾਂ ਆਦਿ ਤੋਂ ਸਪਾਰਕਿੰਗ ਨਾਲ ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਸੂਚਨਾ ਤੁਰੰਤ ਨੇੜੇ ਦੇ ਉੱਪ ਮੰਡਲ ਦਫ਼ਤਰ/ਸ਼ਿਕਾਇਤ ਘਰ ਦੇ ਨਾਲ-ਨਾਲ ਕੰਟਰੋਲ ਰੂਮ ਨੰਬਰ: 96461-06835/ 96461-06836/ 1912 ਤੇ ਦਿੱਤੀ ਜਾਵੇ ਤਾਂ ਜੋ ਇਹਨਾਂ ਬਿਜਲੀ ਦੀਆਂ ਲਾਈਨਾਂ/ਤਾਰਾਂ ਦੀ ਸਮੇਂ ਸਿਰ ਦਰੁੱਸਤੀ ਕੀਤੀ ਜਾ ਸਕੇ | ਬਿਜਲੀ ਦੀਆਂ ਢਿੱਲੀਆਂ ਜਾਂ ਨੀਵੀਆਂ ਤਾਰਾਂ ਜਾਂ ਸਪਾਰਕਿੰਗ ਦੀਆਂ ਤਸਵੀਰਾਂ ਸਮੇਤ ਲੋਕੇਸ਼ਨ ਵੱਟਸਐਪ ਨੰ: 96461-06836 'ਤੇ ਭੇਜੀਆਂ ਜਾਣ ਜੀ ।

ਕਣਕ ਦੀ ਫ਼ਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਕਿਸਾਨ ਵੀਰਾਂ ਲਈ ਵਿਸ਼ੇਸ਼ ਸਾਵਧਾਨੀਆਂ

- ਕੱਟੀ ਹੋਈ ਕਣਕ ਬਿਜਲੀ ਦੀਆਂ ਤਾਰਾਂ ਦੇ ਹੇਠਾਂ ਜਾਂ ਟਰਾਂਸਫਾਰਮਰ ਅਤੇ ਜੀ. ਓ.ਸਵਿੱਚ ਦੇ ਨਜ਼ਦੀਕ ਨਾ ਰੱਖੀ ਜਾਵੇ। ਟਰਾਂਸਫਾਰਮਰ ਦੇ ਆਲੇ-ਦੁਆਲੇ ਦੀ ਇਕ ਮਰਲਾ ਕਣਕ ਪਹਿਲਾਂ ਹੀ ਕੱਟ ਲਈ ਜਾਵੇ।

- ਖੇਤਾਂ ਵਿਚ ਲੱਗੇ ਟਰਾਂਸਫਾਰਮਰ ਦੇ ਆਲੇ-ਦੁਆਲੇ ਦੇ 10 ਮੀਟਰ ਦੇ ਘੇਰੇ ਨੂੰ ਗਿੱਲਾ ਰੱਖਿਆ ਜਾਵੇ ਤਾਂ ਕਿ ਜੇਕਰ ਕੋਈ ਚੰਗਿਆੜੀ ਡਿੱਗ ਵੀ ਜਾਵੇ ਤਾਂ ਉਸ ਨਾਲ ਅੱਗ ਲੱਗਣ ਤੋਂ ਬਚਾਅ ਹੋ ਸਕੇ।
- ਕਣਕ ਦੇ ਨੇੜੇ ਬੀੜੀ/ਸਿਗਰੇਟ ਦੀ ਵਰਤੋਂ ਨਾ ਕੀਤੀ ਜਾਵੇ ।
- ਬਾਂਸ ਜਾਂ ਸੋਟੀ ਨਾਲ ਬਿਜਲੀ ਦੀ ਲਾਈਨ ਨੂੰ ਨਾ ਛੇੜਿਆ ਜਾਵੇ। ਕਿਸੇ ਅਣ-ਅਧਿਕਾਰਤ ਆਦਮੀ ਨੂੰ ਜੀ. ਓ. ਸਵਿੱਚ ਨਾ ਕੱਟਣ ਦਿੱਤਾ ਜਾਵੇ।
- ਕੱਟੀ ਹੋਈ ਕਣਕ ਦੇ ਨਾੜ/ਰਹਿੰਦ-ਖੂੰਦ ਨੂੰ ਅੱਗ ਨਾ ਲਾਈ ਜਾਵੇ।
- ਹਾਰਵੈਸਟਰ ਕੰਬਾਈਨ ਸਿਰਫ਼ ਦਿਨ ਵੇਲੇ ਹੀ ਚਲਾਈ ਜਾਵੇ। ਹਾਰਵੈਸਟਰ ਕੰਬਾਈਨ ਦੇ ਪੁਰਜ਼ਿਆਂ ਤੋਂ ਨਿਕਲਣ ਵਾਲੀਆਂ ਚੰਗਿਆੜੀਆਂ ਤੇ ਧਿਆਨ ਰੱਖਿਆ ਜਾਵੇ। ਹਾਰਵੈਸਟਰ ਕੰਬਾਈਨ ਖੰਭਿਆਂ, ਬਿਜਲੀ ਦੀਆਂ ਤਾਰਾਂ ਅਤੇ ਖਿੱਚਾਂ ਨਾਲ ਟਕਰਾਉਣੀ ਨਹੀਂ ਚਾਹੀਦੀ।
- ਕਣਕ ਨੂੰ ਅੱਗ ਤੋਂ ਬਚਾਉਣ ਲਈ ਸ਼ਰਾਰਤੀ ਅਨਸਰਾਂ ਤੇ ਨਿਗਰਾਨੀ ਰੱਖੀ ਜਾਵੇ।

ਜੇਕਰ ਕਿਸੇ ਬਿਜਲੀ ਦੀ ਲਾਈਨ ਤੋਂ ਸਪਾਰਕ ਹੋ ਰਿਹਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਸੰਬੰਧਿਤ ਪੀ. ਐਸ. ਪੀ. ਸੀ. ਐਲ. ਦੇ ਸਟਾਫ਼/ਜੇ. ਈ./ਉੱਪ ਮੰਡਲ ਅਫ਼ਸਰ ਜਾਂ ਕੰਟਰੋਲ ਰੂਮ ਨੂੰ ਟੈਲੀਫੋਨ ਤੇ ਦਿਤੀ ਜਾਵੇ।